
ਤੁਹਾਡੀ ਅਵਾਜ਼ ਐਤਵਾਰ 4 ਅਪ੍ਰੈਲ 2001 22 ਚੇਤ

# ਨਿਊਜ਼ ਪੰਜਾਬ ਦੀ

ਸੰਪਾਦਕ : ਸ.ਜਗਰਾਜ ਸਿੰਘ ਗਿੱਲ, ਉੱਪ ਸੰ : ਸ.ਮਨਪ੍ਰੀਤ ਸਿੰਘ **News Punjab Di**




ਨਿਊਜ਼ ਪੰਜਾਬ ਦੀ MEDIA WEB TV & NEWS PUNJAB DI DAILY ONLINE PUNJABI NEWSPAPER MOGA



ਰਜਿ :PB-14-0002601 | WWW.NEWSPUNJABDI.COM | FACEBOOK.COM/NEWSPUNJABDI | EMAIL: NEWSPUNJABDI24@GMAIL.COM | PH,97000-65709



## ਸ਼ਹਿਰਾਂ/ਪਿੰਡਾਂ ਵਿੱਚ ਮੀਟ ਸ਼ਾਪ ਦੀਆਂ ਦੁਕਾਨਾਂ/ਖੋਖੇ ਆਦਿ ਲਗਾ ਕੇ ਮੀਟ ਵੇਚਣ ‘ਤੇ ਪਾਬੰਦੀ

## ਪਾਬੰਦੀ ਆਦੇਸ਼ 31 ਮਈ ਤੱਕ ਰਹਿਣਗੇ ਲਾਗੂ-ਜਿਲਾ ਮੈਜਿਸਟ੍ਰੇਟ

ਮੋਗਾ **4** ਅਪ੍ਰੈਲ (ਜਗਰਾਜ ਸਿੰਘ ਗਿੱਲ, ਮਨਪ੍ਰੀਤ ਸਿੰਘ)

ਜਿਲਾ ਮੈਜਿਸਟ੍ਰੇਟ ਮੋਗਾ ਸ੍ਰੀ ਸੰਦੀਪ ਹੰਸ, ਆਈ.ਏ.ਐਸ ਨੇ ਫੌਜਦਾਰੀ ਜਾਬਤਾ ਸੰਘਤਾ **1973** ਦੀ ਧਾਰਾ **144** ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲਾ ਮੋਗਾ ‘ਚ ਕੁੱਝ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਆਦੇਸ਼ **31** ਮਈ , **2021** ਤੱਕ ਲਾਗੂ ਰਹਿਣਗੇ।

ਆਮ ਜਨਤਾ ਲਈ ਲਾਇਸੰਸੀ ਤੇ ਹੋਰ ਤੇਜਧਾਰ ਹਥਿਆਰ ਨਾਲ ਲੈ ਕੇ ਚੱਲਣ ‘ਤੇ ਪਾਬੰਦੀ

ਜਿਲਾ ਮੈਜਿਸਟ੍ਰੇਟ ਨੇ ਜਿਲੇ ‘ਚ ਅਮਨ-ਸ਼ਾਂਤੀ ਕਾਇਮ ਰੱਖਣ ਦੇ ਮੱਦੇ-ਨਜਰ ਜਿਲੇ ਦੀ ਹਦੂਦ ਅੰਦਰ ਆਮ ਜਨਤਾ ਲਈ ਲਾਇਸੰਸੀ ਹਥਿਆਰ, ਟਕੂਏ, ਬਰਛੇ, ਛੁਰੇ, ਤ੍ਰਿਸ਼ੂਲ ਤੇ ਹੋਰ ਤੇਜਧਾਰ ਹਥਿਆਰ ਨਾਲ ਲੈ ਕੇ ਚੱਲਣ ਅਤੇ ਪ੍ਰਦਰਸ਼ਨ ਕਰਨ ‘ਤੇ ਪੂਰਨ ਰੋਕ ਲਗਾਈ ਗਈ ਹੈ। ਇਹ ਹੁਕਮ ਪੁਲਿਸ, ਹੋਮਗਾਰਡ ਜਾਂ ਸੀ.ਆਰ.ਪੀ.ਐਫ. ਕ੍ਰਮਚਾਰੀਆਂ, ਜਿੰਨਾਂ ਕੋਲ ਸਰਕਾਰੀ ਹਥਿਆਰ ਹਨ, ਉਨਾਂ ‘ਤੇ ਲਾਗੂ ਨਹੀਂ ਹੋਵੇਗਾ।

ਜ਼ਿਲੇ ‘ਚ ਪਲਾਸਟਿਕ ਲਿਫ਼ਾਫਿਆਂ ਨੂੰ ਬਣਾਉਣ, ਸਟੋਰ ਕਰਨ, ਵੇਚਣ ਅਤੇ ਵਰਤੋਂ ‘ਤੇ ਪਾਬੰਦੀ ਤਕਨਾਲਜੀ ਦਬਾਅ ਅਤੇ ਮੰਡੀਕਰਨ ਦੀਆਂ ਨਵੀਆਂ ਜੁਗਤਾਂ ਕਰਕੇ ਵਰਤ ਕੇ ਸੁੱਟਣ ਵਾਲੀਆਂ, ਪੈਕ ਕਰਨ ਲਈ ਅਤੇ ਪਲਾਸਟਿਕ ਦੇ ਲਿਫਾਫਿਆਂ ਦੀ ਉਪਭੋਗੀ ਵਸਤੂਆਂ ਲਈ ਵਧ ਰਹੀ ਖਪਤ ਕਾਰਣ ਬਹੁਤ ਜਿਆਦਾ ਪਲਾਸਟਿਕ ਦੀ ਰੱਦੀ ਕੂੜਾ ਕਰਕਟ ਸੁੱਟਣ ਦੀਆਂ ਥਾਵਾਂ ਅਤੇ ਖੁੱਲੀਆਂ ਥਾਵਾਂ ਆਦਿ ਤੇ ਥਾਂ ਮੱਲ ਰਹੀ, ਇਹ ਲਿਫ਼ਾਫੇ ਸੀਵਰੇਜ਼ ਪ੍ਰਣਾਲੀ ਨੂੰ ਖਾਸ ਤੌਰ ਤੇ ਨੁਕਸਾਨ ਪਹੁੰਚਾਉਂਦੇ ਹਨ ਕਿਉਂਕਿ ਇਹ ਨਾਲੀਆਂ ਅਤੇ ਖੁੱਲੇ ਨਾਲਿਆਂ ਵਿੱਚ ਰੁਕਾਵਟ ਦਾ ਕਾਰਣ ਬਣਦੇ ਹਨ। ਇਸੇ ਤਰਾਂ ਮਨੁੱਖੀ ਸਿਹਤ ਨੂੰ ਧਿਆਨ ‘ਚ ਰੱਖਦਿਆਂ ‘ਦੀ ਪੰਜਾਬ ਪਲਾਸਟਿਕ ਅਤੇ ਕੈਰੀ ਬੈਗ (ਮੈਨੂਫੈਕਚਰਿੰਗ, ਯੂਜਿਜ ਐਂਡ ਡਿਸਪੋਜਲ) ਕੰਟਰੋਲ ਐਕਟ, **2005‘** ਅਨੁਸਾਰ ਜਿਲੇ ‘ਚ **30** ਮਾਈਕਰੋਣ ਤੋਂ ਘੱਟ ਮੋਟਾਈ ਅਤੇ **8 12** ਇੰਚੀ ਆਕਾਰ ਤੋਂ ਘੱਟ ਅਣਲੱਗ ਪਲਾਸਟਿਕ ਲਿਫਾਫਿਆਂ ਨੂੰ ਬਣਾਉਣ, ਸਟੋਰ ਕਰਨ, ਵੇਚਣ ਅਤੇ ਵਰਤੋਂ ‘ਤੇ ਪੂਰਣ ਪਾਬੰਦੀ ਲਗਾਈ ਗਈ ਹੈ। ਪਲਾਸਟਿਕ ਮਨੁੱਖੀ ਸਿਹਤ ਲਈ ਹਾਨੀਕਾਰਕ ਹੋਣ ਦੇ ਨਾਲ ਪਸ਼ੂਆਂ ਵੱਲੋਂ ਪਲਾਸਟਿਕ ਲਿਫ਼ਾਫ਼ਿਆਂ ਦੀ ਰਹਿੰਦ-ਖੂੰਹਦ ਖਾਧੇ ਜਾਣ ਕਾਰਣ ਗੰਭੀਰ ਸਮੱਸਿਆਵਾਂ ਪੈਦਾ ਹੁੰਦੀਆਂ ਹਨ ਅਤੇ ਉਨਾਂ ਦੀ ਮੌਤ ਹੋ ਜਾਂਦੀ ਹੈ, ਜਿਸ ਨਾਲ ਆਮ ਜਨ-ਜੀਵਨ ਵਿੱਚ ਭਾਰੀ ਵਿਘਨ ਪੈਂਦਾ ਹੈ।ਪਿੰਡਾਂ ਦੀਆਂ ਫਿਰਨੀਆਂ ‘ਤੇ ਰੂੜੀਆਂ ਆਦਿ ਦੇ ਢੇਰ ਲਗਾ ਕੇ ਨਜਾਇਜ਼ ਕਬਜ਼ੇ ਕਰਨ ‘ਤੇ ਪਾਬੰਦੀ ਜ਼ਿਲਾ ਮੈਜਿਸਟ੍ਰੇਟ ਨੇ ਦੱਸਿਆ ਕਿ ਆਮ ਲੋਕਾਂ ਵੱਲੋਂ ਪਿੰਡਾਂ ਦੀਆਂ ਫਿਰਨੀਆਂ ‘ਤੇ ਰੂੜੀਆਂ ਆਦਿ ਦੇ ਢੇਰ ਲਗਾ ਕੇ ਅਤੇ ਹੋਰ ਤਰੀਕਿਆਂ ਨਾਲ ਨਜਾਇਜ ਕਬਜੇ ਕੀਤੇ ਗਏ ਹਨ, ਜਿਸ ਕਾਰਣ ਜਿਥੇ ਦੁਰਘਟਨਾ ਵਾਪਰਨ ਦਾ ਖਤਰਾ ਪੈਦਾ ਹੁੰਦਾ ਹੈ, ਉਥੇ ਲੜਾਈ-ਝਗੜੇ ਕਾਰਣ ਜਾਨੀ ਤੇ ਮਾਲੀ ਨੁਕਸਾਨ ਹੋਣ ਦਾ ਡਰ ਵੀ ਬਣਿਆ ਰਹਿੰਦਾ ਹੈ। ਇਸ ਲਈ ਜਿਲੇ ਅੰਦਰ ਸੜਕਾਂ ਦੇ ਇਰਦ-ਗਿਰਦ ਆਮ ਲੋਕਾਂ ਵੱਲੋਂ ਕੂੜੇ ਦੇ ਢੇਰ ਲਗਾਉਣ ਅਤੇ ਆਮ ਕਿਸਾਨਾਂ ਵੱਲੋਂ ਬਰਮਾ ਦੀ ਮਿੱਟੀ ਕੱਟਣ ‘ਤੇ ਵੀ ਪਾਬੰਦੀ ਲਗਾਈ ਗਈ ਹੈ।

ਸ਼ਹਿਰਾਂ ਅਤੇ ਪਿੰਡਾਂ ਵਿੱਚ ਮੀਟ ਸ਼ਾਪ ਦੀਆਂ ਦੁਕਾਨਾਂ/ਖੋਖੇ ਆਦਿ ਲਗਾ ਕੇ ਮੀਟ ਵੇਚਣ ‘ਤੇ ਵੀ ਪਾਬੰਦੀ

ਇਸੇ ਤਰਾਂ ਜਿਲੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਮੀਟ ਸ਼ਾਪ ਦੀਆਂ ਦੁਕਾਨਾਂ/ਖੋਖੇ ਆਦਿ ਲਗਾ ਕੇ ਮੀਟ ਵੇਚਣ ‘ਤੇ ਵੀ ਪਾਬੰਦੀ ਲਗਾਈ ਗਈ ਹੈ। ਉਨਾਂ ਦੱਸਿਆ ਕਿ ਜਿਲੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਕਈ ਵਿਅਕਤੀਆਂ ਵੱਲੋਂ ਮੀਟ ਸ਼ਾਪ ਦੀਆਂ ਦੁਕਾਨਾਂ ਅਤੇ ਖੋਖੇ ਆਦਿ ਬਣਾਏ ਹੋਏ ਹਨ, ਜਿੱਥੇ ਇਹ ਵਿਅਕਤੀ ਬੱਕਰੇ, ਮੁਰਗੇ ਅਤੇ ਮੱਛੀ ਆਦਿ ਕੱਟ ਕੇ ਵੇਚਦੇ ਹਨ। ਇਸ ਨਾਲ ਜਿੱਥੇ ਸ਼ਹਿਰਾਂ/ਪਿੰਡਾਂ ਵਿੱਚ ਬਦਬੂ ਫੈਲਦੀ ਹੈ ਤੇ ਗੰਦਗੀ ਪੈਦਾ ਹੁੰਦੀ ਹੈ, ਉਥੇ ਵਾਤਾਵਰਣ ਦੂਸਿਤ ਹੁੰਦਾ ਹੈ ਅਤੇ ਸ਼ਹਿਰਾਂ ਵਿੱਚ ਸੀਵਰੇਜ ਬੰਦ ਹੋ ਜਾਂਦੇ ਹਨ। ਉਨਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਸਬੰਧੀ ਪੱਕੇ ਤੌਰ ‘ਤੇ ਸਲਾਟਰ ਹਾਊਸ ਬਣਾਏ ਹੋਏ ਹਨ ਅਤੇ ਇਹ ਮੀਟ ਕੇਵਲ ਸਲਾਟਰ ਹਾਊਸ ਵਿੱਚ ਹੀ ਕੱਟਿਆ/ਵੇਚਿਆ ਜਾ ਸਕਦਾ ਹੈ।

ਜਿਲੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਸੀਮਨ ਦਾ ਅਣ-ਅਧਿਕਾਰਤ ਤੌਰ ‘ਤੇ ਭੰਡਾਰਨ/ ਟਰਾਂਸਪੋਰੇਸ਼ਨ ਕਰਨ, ਵਰਤਣ ਜਾਂ ਵੇਚਣ ‘ਤੇ ਪਾਬੰਦੀ

ਜਿਲਾ ਮੈਜਿਸਟ੍ਰੇਟ ਸ੍ਰੀ ਸੰਦੀਪ ਹੰਸ ਨੇ ਦੱਸਿਆ ਕਿ ਪੰਜਾਬ ‘ਚ ਵੱਖ-ਵੱਖ ਥਾਵਾਂ ‘ਤੇ ਨਕਲੀ ਅਤੇ ਅਣ-ਅਧਿਕਾਰਤ ਸੀਮਨ ਵਿਕਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਇਸ ਪ੍ਰਕਾਰ ਅਣ-ਅਧਿਕਾਰਤ ਤੌਰ ‘ਤੇ ਵੇਚੇ ਜਾ ਰਹੇ ਸੀਮਨ ਦੀ ਵਰਤੋਂ ਕਰਨਾ ਰਾਜ ਦੀ ਬਰੀਡਿੰਗ ਪਾਲਿਸੀ ਅਨੁਸਾਰ ਉੱਚਿਤ ਨਹੀਂ ਹੈ। ਇਸ ਲਈ ਜਿਲਾ ਮੋਗਾ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਸੀਮਨ ਦਾ ਅਣ-ਅਧਿਕਾਰਤ ਤੌਰ ‘ਤੇ ਭੰਡਾਰਨ ਕਰਨ, ਟਰਾਂਸਪੋਰੇਸ਼ਨ ਕਰਨ, ਵਰਤਣ ਜਾਂ ਵੇਚਣ ‘ਤੇ ਪਾਬੰਦੀ ਲਗਾਈ ਗਈ ਹੈ, ਪਰੰਤੂ ਇਹ ਹੁਕਮ ਪਸ਼ੂ ਪਾਲਣ ਵਿਭਾਗ ਦੀਆਂ ਵੈਟਨਰੀ ਸੰਸਥਾਵਾਂ ਸਮੇਤ ਪਸ਼ੂ ਹਸਪਤਾਲ/ ਡਿਸਪੈਂਸਰੀਆਂ ਤੇ ਪੋਲੀ-ਕਲੀਨਿਕ, ਰੂਰਲ ਵੈਟਨਰੀ ਹਸਪਤਾਲਾਂ, ਪਸ਼ੂ ਪਾਲਣ ਵਿਭਾਗ, ਪੰਜਾਬ ਮਿਲਕਫੈਡ ਅਤੇ ਗਡਵਾਸੂ ਲੁਧਿਆਣਾ ਵੱਲੋਂ ਚਲਾਏ ਜਾ ਰਹੇ ਆਰਟੀਫ਼ੀਸ਼ਲ ਇਨਸੈਮੀਨੇਸ਼ਨ ਸੈਂਟਰਾਂ, ਕੋਈ ਹੋਰ ਆਰਟੀਫੀਸ਼ਨ ਇਨਸੈਮੀਨੇਸ਼ਨ ਸੈਂਟਰ ਜ਼ੋ ਕਿ ਪਸ਼ੂ ਪਾਲਣ ਵਿਭਾਗ ਵੱਲੋ ਪ੍ਰੋਸੈਸ ਅਤੇ ਸਪਲਾਈ ਜਾਂ ਇੰਪੋਰਟ ਕੀਤੇ ਗਏ ਬੋਵਾਇਨ ਸੀਮਨ ਨੂੰ ਵਰਤ ਰਹੇ ਹਨ, ਪ੍ਰੋਗਰੈਸਿਵ ਡੇਅਰੀ ਫਾਰਮਰਜ਼ ਐਸੋਸੀਏਸ਼ਨ ਪੰਜਾਬ ਦੇ ਮੈਂਬਰ ਜਿੰਨਾਂ ਨੇ ਕੇਵਲ ਆਪਣੇ ਪਸ਼ੂਆਂ ਦੀ ਵਰਤੋਂ ਲਈ ਬੋਵਾਇਨ ਸੀਮਨ ਇੰਪੋਰਟ ਕੀਤਾ ਹੋਵੇ ਆਦਿ ‘ਤੇ ਲਾਗੂ ਨਹੀਂ ਹੋਣਗੇ।

ਜ਼ਿਲੇ ਅੰਦਰ ਚਾਈਨਾ ਡੋਰ ਨੂੰ ਵੇਚਣ, ਸਟੋਰ ਕਰਨ ਅਤੇ ਵਰਤੋਂ ਕਰਨ ‘ਤੇ ਪਾਬੰਦੀ

ਜ਼ਿਲਾ ਮੈਜਿਸਟ੍ਰੇਟ ਨੇ ਦੱਸਿਆ ਕਿ ਜ਼ਿਲੇ ਅੰਦਰ ਅਕਸਰ ਅਤੇ ਵਿਸੇਸ਼ ਕਰਕੇ ਬਸੰਤ ਪੰਚਮੀ ਦੇ ਮੌਕੇ ‘ਤੇ ਕਾਫ਼ੀ ਮਾਤਰਾ ਵਿੱਚ ਪਤੰਗਾਂ ਉਡਾਈਆਂ ਜਾਂਦੀਆਂ ਹਨ ਅਤੇ ਇੰਨਾਂ ਪਤੰਗਾਂ ਲਈ ਚਾਈਨਾ ਡੋਰ ਦੀ ਵਰਤੋਂ ਵੀ ਕਾਫੀ ਮਾਤਰਾ ਵਿੱਚ ਕੀਤੀ ਜਾਂਦੀ ਹੈ। ਇਹ ਸੰਥੈਟਿਕ/ਪਲਾਸਟਿਕ ਦੀ ਬਣੀ ਡੋਰ ਕਾਫ਼ੀ ਮਜਬੂਤ ਹੁੰਦੀ ਹੈ, ਜਿਸ ਨਾਲ ਪਤੰਗ ਉਡਾਉਣ ਵਾਲਿਆਂ ਦੇ ਹੱਥ ਤੇ ਉੱਗਲਾਂ ਕੱਟਣ, ਸਾਈਕਲ ਤੇ ਸਕੂਟਰ, ਮੋਟਰ ਸਾਈਕਲ ਚਾਲਕਾਂ ਦੇ ਗਲ ਅਤੇ ਕੰਨ ਕੱਟਣ ਦੀਆਂ ਘਟਨਾਵਾਂ ਵਾਪਰਦੀਆਂ ਹਨ ਅਤੇ ਅਜਿਹੀ ਹਾਲਤ ਵਿੱਚ ਐਕਸੀਡੈਂਟ ਹੋਣ ਦਾ ਵੀ ਡਰ ਹੁੰਦਾ ਹੈ। ਇਸ ਤੋਂ ਇਲਾਵਾ ਚਾਈਨਾ ਡੋਰ ਵਿੱਚ ਫ਼ਸੇ ਪੰਛੀਆਂ ਦੀ ਮੌਤ ਹੋ ਜਾਣ ਤੇ ਉਨਾਂ ਦੇ ਰੁੱਖਾਂ ‘ਤੇ ਟੰਗੇ ਰਹਿਣ ਕਾਰਣ ਬਦਬੂ ਨਾਲ ਵਾਤਾਵਰਣ ਵੀ ਦੂਸ਼ਿਤ ਹੁੰਦਾ ਹੈ। ਇਸ ਲਈ ਇਹ ਚਾਈਨਾ ਡੋਰ ਮਨੁੱਖੀ ਜਾਨਾਂ ਅਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ। ਇੰਨਾਂ ਤੱਥਾਂ ਨੂੰ ਮੁੱਖ ਰੱਖਦਿਆਂ ਸੰਥੈਟਿਕ/ਪਲਾਸਟਿਕ ਦੀ ਬਣੀ (ਚਾਈਨਾ ਡੋਰ) ਨੂੰ ਵਰਤਣ, ਵੇਚਣ ਅਤੇ ਸਟੋਰ ਕਰਨ ‘ਤੇ ਰੋਕ ਲਗਾਉਣ ਲਈ ਕਦਮ ਚੁੱਕਣ ਦੀ ਅਤੀ ਜਰੂਰਤ ਹੈ।

## ਸੀਨੀਅਰ ਕਾਂਗਰਸੀ ਆਗੂ ਗੁਰਮੀਤ ਸਿੰਘ ਗਿੱਲ ਦੇ ਪੁੱਤਰ ਦੇ ਵਿਆਹ ਸਮੇਂ ਖੁਸ਼ੀਆਂ ਦੇ ਪਲਾਂ ਨੂੰ ਵਧਾਉਣ ਲਈ ਪਹੁੰਚੇ ਵਿਧਾਇਕ ਸੁਖਜੀਤ ਸਿੰਘ ਲੋਹਗੜ੍ਹ






## ਅਕਾਲੀ ਦਲ ਨੂੰ ਲੱਗਾ ਵੱਡਾ ਝੱਟਕਾ 15 ਪਰਿਵਾਰ ਕਾਂਗਰਸ ਪਾਰਟੀ ਵਿੱਚ ਸ਼ਾਮਿਲ

ਫਿਰੋਜ਼ਪੁਰ-**4** ਅਪ੍ਰੈਲ(ਗੌਰਵ ਭਟੇਜਾ) ਫਿਰੋਜ਼ਪੁਰ ਵਿੱਚ ਅਕਾਲੀ ਦਲ ਪਾਰਟੀ ਨੂੰ ਇੱਕ ਹੋਰ ਝਟਕਾ ਲੱਗਾ ਜਦੋਂ ਸਾਬੂਆਣਾ ਤੋਂ ਲਗਭਗ **15** ਪਰਿਵਾਰ ਅਕਾਲੀ ਦਲ ਪਾਰਟੀ ਛੱਡ ਕੇ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਏ । ਅਕਾਲੀ ਦਲ ਪਾਰਟੀ ਛੱਡ ਕੇ ਕਾਂਗਰਸ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਮਾਣ ਹੈ ਕਿ ਉਹ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਦੀ ਅਗਵਾਈ ਅਤੇ ਉਨ੍ਹਾਂ ਦੀ ਧਰਮਪਤਨੀ ਬੀਬੀ ਇੰਦਰਜੀਤ ਕੌਰ ਖੋਸਾ ਦੀ ਹਾਜਰੀ ਵਿੱਚ ਕਾਂਗਰਸ ਵਿੱਚ ਸ਼ਾਮਲ ਹੋਏ ਹਨ। ਉਨਾਂ ਕਿਹਾ ਕਿ ਵਿਧਾਇਕ ਪਿੰਕੀ ਵੱਲੋਂ ਸਮਾਜ ਦੇ ਹਰ ਵਰਗ ਦੀ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ ਉਨਾਂ ਦਾ ਸਮਰਥਨ ਕਰਨ ਲਈ ਅਸੀਂ ਅੱਜ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਏ ਹਾਂ।

ਬੀਬੀ ਇੰਦਰਜੀਤ ਕੌਰ ਖੋਸਾ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਪਿੰਡ ਸਾਬੂਆਣਾ ਤੋਂ ਦਇਆ ਸਿੰਘ, ਸੁਖਚੈਨ ਸਿੰਘ, ਬਗੀਜ਼ਾ ਸਿੰਘ, ਅਮਰੀਕ ਸਿੰਘ, ਗੁਰਜੰਟ ਸਿੰਘ, ਕੁਲਵੰਤ ਸਿੰਘ, ਸੁਖਵੰਤ ਸਿੰਘ, ਅਨਮੋਲਪ੍ਰੀਤ ਸਿੰਘ, ਬਲਵੀਰ ਸਿੰਘ, ਜਸਵਿੰਦਰ ਸਿੰਘ, ਕੁਲਦੀਪ ਸਿੰਘ, ਮਨਜੀਤ ਸਿੰਘ, ਚਾਨਣ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਜਰਨੈਲ ਸਿੰਘ, ਨਰਿੰਦਰ ਸਿੰਘ, ਬਲਵਿੰਦਰ ਸਿੰਘ, ਮਨਜੀਤ ਸਿੰਘ, ਨਛੱਤਰ ਸਿੰਘ, ਟਹਿਲ ਸਿੰਘ, ਲਖਵਿੰਦਰ ਸਿੰਘ, ਸੁੱਚਾ ਸਿੰਘ, ਗੁਰਵਿੰਦਰ ਸਿੰਘ, ਸਾਰਜ ਸਿੰਘ, ਜਗਤਾਰ ਸਿੰਘ, ਮਨਪ੍ਰੀਤ ਸਿੰਘ, ਜਸਵੰਤ ਸਿੰਘ ਆਦਿ ਦੇ **15** ਪਰਿਵਾਰਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਤੁਹਾਨੂੰ ਪਾਰਟੀ ਵਿੱਚ ਬਣਦਾ ਮਾਨ-ਸਨਮਾਨ ਦਿੱਤਾ ਜਾਵੇਗਾ ਅਤੇ ਆਪ ਜੀ ਨੂੰ ਨਾਲ ਲੈ ਕੇ ਹਲਕੇ ਨੂੰ ਖੁਸ਼ਹਾਲ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਵਿਕਾਸ ਦੇ ਕੰਮਾਂ ਵਿਚ ਕਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਬਿਨ੍ਹਾਂ ਪੱਖ ਪਾਤ ਦੇ ਵਿਕਾਸ ਕਾਰਜ ਕਰਵਾਏ ਜਾਣਗੇ। ਇਸ ਮੌਕੇ ਬਲਵੀਰ ਬਾਠ ਚੈਅਰਮੈ ਬਲਾਕ ਸੰਮਤੀ, ਕਿੱਕਰ ਸਿੰਘ ਪੱਲਾ ਮੇਘਾ, ਭਗਵਾਨ ਭੁੱਲਰ ਖਾਈ ਆਦਿ ਹਾਜਰ ਸਨ।




ਤੁਹਾਡੀ ਅਵਾਜ਼ ਐਤਵਾਰ 4 ਅਪ੍ਰੈਲ 2001 22 ਚੇਤ

# ਨਿਊਜ਼ ਪੰਜਾਬ ਦੀ

ਸੰਪਾਦਕ : ਸ.ਜਗਰਾਜ ਸਿੰਘ ਗਿੱਲ, ਉੱਪ ਸੰ : ਸ.ਮਨਪ੍ਰੀਤ ਸਿੰਘ **News Punjab Di**

ਨਿਊਜ਼ ਪੰਜਾਬ ਦੀ MEDIA WEB TV NEWS PUNJAB DI DAILY ONLINE PUNJABI NEWSPAPER MOGA




ਰਜਿ :PB-14-0002601 | WWW.NEWSPUNJABDI.COM | FACEBOOK.COM/NEWSPUNJABDI | EMAIL: NEWSPUNJABDI24@GMAIL.COM | PH,97000-65709



## ਗੋਲਡਨ ਐਜੂਕੇਸ਼ਨ ਧਰਮਕੋਟ ਦੀ ਵਿਦਿਆਰਥਣ ਨੇ ਲਏ 7 ਬੈਂਡ

ਧਰਮਕੋਟ 4 ਅਪ੍ਰੈਲ (ਰਿੱਕੀ ਕੈਲਵੀ) ਗੋਲਡਨ ਐਜੂਕੇਸ਼ਨ ਧਰਮਕੋਟ ਸ਼ਹਿਰ ਦੀ ਪ੍ਰਸਿੱਧ ਤੇ ਪੁਰਾਣੀ ਵਿੱਦਿਅਕ ਸੰਸਥਾ ਹੈ ਜੋ ਵਿਦਿਆਰਥੀਆਂ ਨੂੰ ਉੱਚ ਪੱਧਰੀ ਤਕਨੀਕ ਨਾਲ ਆਈਲੈਟਸ ਦੀ ਸਿੱਖਿਆ ਪ੍ਰਦਾਨ ਕਰਵਾ ਕੇ ਆਏ ਦਿਨ ਹੀ ਸੰਸਥਾ ਨਵੇਂ ਮੀਲ ਪੱਥਰ ਸਥਾਪਤ ਕਰ ਰਹੀ ਹੈ ਸੰਸਥਾ ਦੇ ਡਾਇਰੈਕਟਰ ਹਰਪ੍ਰੀਤ ਕੌਰ ਅਰੋੜਾ ਤੇ ਡਾਇਰੈਕਟਰ ਸੁਭਾਸ਼ ਪਲਤਾ ਨੇ ਦੱਸਿਆ ਕਿ ਆਈਲੈਟਸ ਦੀ ਹੋਈ ਪ੍ਰੀਖਿਆ ਵਿੱਚੋਂ ਸੰਸਥਾ ਦੀ ਵਿਦਿਆਰਥਣ ਮਾਨਸੀ ਅਰੋੜਾ ਵਾਸੀ ਕਿਸ਼ਨਪੁਰਾ ਕਲਾਂ ਨੇ ਆਈਲੈਟਸ ਵਿਚੋਂ ਓਵਰਆਲ 7 ਬੈਂਡ ਹਾਸਲ ਕਰਕੇ ਆਪਣੇ ਵਿਦੇਸ਼ ਜਾਣ ਦੇ ਸੁਪਨੇ ਨੂੰ ਸਾਕਾਰ ਕੀਤਾ ਹੈ ਡਾਇਰੈਕਟਰ ਮੈਡਮ ਨੇ ਮਾਨਸੀ ਨੂੰ ਸਰਟੀਫਿਕੇਟ ਸੌਂਪਦਿਆਂ ਦੂਸਰੇ ਵਿਦਿਆਰਥੀਆਂ ਨੂੰ ਵੀ ਇਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ ਉਨ੍ਹਾਂ ਕਿਹਾ ਕਿ ਸੰਸਥਾ ਦੁਆਰਾ ਦਿੱਤੀ ਗਈ ਸੌਖੇ ਅਤੇ ਆਧੁਨਿਕ ਢੰਗ ਦੀ ਟ੍ਰੇਨਿੰਗ ਨਾਲ ਵਿਦਿਆਰਥੀ ਜਲਦੀ ਹੀ ਆਪਣੇ ਮਨ ਚਾਹੇ ਬੈਂਡ ਹਾਸਲ ਕਰ ਰਹੇ ਹਨ ਇਸ ਮੌਕੇ ਉਨ੍ਹਾਂ ਨਾਲ ਅਮਰਿੰਦਰ ਸਿੰਘ ਸੈਂਡੀ ,ਅਮਨਪ੍ਰੀਤ ਕੌਰ ,ਪ੍ਰਿਅੰਕਾ ਸ਼ਰਮਾ, ਸੁਖਦੀਪ ਕੌਰ ਲਵਲੀਨ ਕੌਰ, ਗੁਰਪ੍ਰੀਤ ਸਿੰਘ, ਪ੍ਰਦੀਪ ਸਿੰਘ ਤੋਂ ਇਲਾਵਾ ਸਮੁੱਚਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ

## ਜ਼ਿਲਾ ਮੈਜਿਸਟ੍ਰੇਟ ਵੱਲੋਂ ਹੁੱਕਾ ਬਾਰਾਂ 'ਤੇ ਪਾਬੰਦੀ ਲਗਾਉਣ ਦੇ ਹੁਕਮ, ਹੁਕਮ 31 ਮਈ 2021 ਤੱਕ ਲਾਗੂ ਰਹਿਣਗੇ-ਸੰਦੀਪ ਹੰਸ

ਮੋਗਾ 4 ਅਪ੍ਰੈਲ (ਗੁਰਪ੍ਰਸਾਦ ਸਿੰਘ ਸਿੱਧੂ) ਜ਼ਿਲਾ ਮੈਜਿਸਟ੍ਰੇਟ, ਮੋਗਾ ਸ੍ਰੀ ਸੰਦੀਪ ਹੰਸ ਆਈ.ਏ.ਐਸ ਨੇ ਸੀ.ਆਰ.ਪੀ.ਸੀ ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲਾ ਮੋਗਾ 'ਚ ਹੁੱਕਾ ਬਾਰਾਂ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਆਦੇਸ਼ 31 ਮਈ, 2021 ਤੱਕ ਲਾਗੂ ਰਹਿਣਗੇ।

ਜ਼ਿਲਾ ਮੈਜਿਸਟ੍ਰੇਟ ਨੇ ਦੱਸਿਆ ਕਿ ਸਿਵਲ ਸਰਜਨ ਮੋਗਾ ਵੱਲੋਂ ਉਨਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਜ਼ਿਲੇ ਅੰਦਰ ਕਾਫ਼ੀ ਗਿਣਤੀ 'ਚ ਹੁੱਕਾ ਬਾਰ ਚੱਲ ਰਹੇ ਹਨ, ਜਿੱਥੇ ਤੰਬਾਕੂ ਆਦਿ ਵਸਤਾਂ ਦੀ ਵਰਤੋਂ ਕੀਤੀ ਜਾਂਦੀ ਹੈ, ਜੋ ਕਿ ਸਿਹਤ ਲਈ ਖਤਰਨਾਕ ਹਨ। ਉਨਾਂ ਦੱਸਿਆ ਕਿ ਅਜਿਹਾ ਕਰਨਾ ਕੋਟਪਾ ਨਿਯਮਾਂ ਦੀ ਉਲੰਘਣਾ ਵੀ ਹੈ। ਉਨਾਂ ਕਿਹਾ ਕਿ ਕਿਸੇ ਵੀ ਹੋਟਲ, ਰੈਸਟੋਰੈਂਟ ਜਾਂ ਕਿਸੇ ਵੀ ਜਗਾ 'ਤੇ ਹੁੱਕਾ ਬਾਰ ਨਹੀਂ ਚਲਾਏ ਜਾ ਸਕਦੇ। ਉਨਾਂ ਕਿਹਾ ਕਿ ਆਮ ਲੋਕਾਂ ਦੀ ਸਿਹਤ ਨੂੰ ਧਿਆਨ 'ਚ ਰੱਖਦਿਆਂ ਅਤੇ ਨੌਜਵਾਨਾਂ ਤੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੂੰ ਇਸ ਮਾੜੀ ਲਾਹਨਤ ਤੋਂ ਬਚਾਉਣ ਲਈ ਹੁੱਕਾ ਬਾਰਾਂ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।

ਆਵਾਜ਼ ਪ੍ਰਦੂਸ਼ਣ ਕਰਨ ਤੇ ਵੀ ਪਬੰਦੀ ਦੇ ਹੁਕਮ

ਇਸੇ ਤਰਾਂ ਜ਼ਿਲਾ ਮੈਜਿਸਟ੍ਰੇਟ ਨੇ ਦੱਸਿਆ ਕਿ ਫੌਜਦਾਰੀ ਜਾਬਤਾ ਸੰਘਤਾ 1973 (1974) ਦੇ ਐਕਟ ਦੀ ਧਾਰਾ 144 ਅਧੀਨ ਜ਼ਿਲਾ ਮੋਗਾ ਵਿੱਚ ਆਵਾਜ਼ ਪ੍ਰਦੂਸ਼ਣ ਨੂੰ ਨੱਥ ਪਾਉਣ ਲਈ ਵੀ ਕੁਝ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ, ਕਿਉਂਕਿ ਸ਼ੋਰ ਸ਼ਰਾਬਾ ਅਤੇ ਪ੍ਰਦੂਸ਼ਣ ਦੇ ਫਲਸਰੂਪ ਆਮ ਲੋਕਾਂ ਦੀ ਮਾਨਸਿਕਤਾ ਅਤੇ ਬੱਚਿਆਂ ਦੀ ਸਿਹਤ ਉੱਤੇ ਵੀ ਉੱਚੀ ਆਵਾਜ਼ ਦਾ ਬੁਰਾ ਪ੍ਰਭਾਵ ਪੈਂਦਾ ਹੈ। ਉਨਾਂ ਦੱਸਿਆ ਕਿ ਕੋਈ ਵੀ ਵਿਅਕਤੀ ਸ਼ੋਰ ਪ੍ਰਦੂਸ਼ਣ (ਰੈਗੂਲੇਸ਼ਨ ਐਂਡ ਕੰਟਰੋਲ) ਰੂਲਜ਼ 2000 ਅਨੁਸਾਰ ਸਮਰੱਥ ਅਧਿਕਾਰੀ ਦੀ ਲਿਖਤੀ ਮੰਜ਼ੂਰੀ ਤੋਂ ਬਿਨਾਂ ਕਿਸੇ ਵੀ ਅਜਿਹੇ ਯੰਤਰ ਜਾਂ ਸ਼ੋਰ ਪ੍ਰਦੂਸ਼ਣ ਪੈਦਾ ਕਰਨ ਵਾਲੀ ਸਮੱਗਰੀ ਦੀ ਵਰਤੋਂ ਨਹੀਂ ਕਰੇਗਾ, ਜਿਸਦੀ ਆਵਾਜ਼ ਉਸਦੀ ਹਦੂਦ ਤੋਂ ਬਾਹਰ ਸੁਣਦੀ ਹੋਵੇ। ਇਹ ਹੁਕਮ ਉਨਾਂ ਲਾਊਡ ਸਪੀਕਰਾਂ 'ਤੇ ਲਾਗੂ ਨਹੀਂ ਹੋਵੇਗਾ ਜਿੰਨਾਂ ਦੀ ਵਰਤੋਂ ਸਰਕਾਰੀ ਮੰਤਵ ਲਈ ਕੀਤੀ ਜਾਂਦੀ ਹੈ। ਆਰਕੈਸਟਰਾ ਬੈਂਡ, ਡੀ.ਜੇ. ਅਤੇ ਲਾਊਡ ਸਪੀਕਰਾਂ/ ਐਂਪਲੀਫਾਇਰ ਦੀ ਵਰਤੋਂ 'ਤੇ ਰਾਤ 10 ਵਜੇ ਤੋਂ ਸਵੇਰੇ 7 ਵਜੇ ਤੱਕ ਪੂਰਣ ਪਾਬੰਦੀ ਹੋਵੇਗੀ। ਸਵੇਰੇ 7 ਵਜੇ ਤੋਂ ਰਾਤ 10 ਵਜੇ ਤੱਕ ਜੇਕਰ ਕਿਸੇ ਨੇ ਲਾਊਡ ਸਪੀਕਰ ਚਲਾਉਣਾ ਹੈ ਤਾਂ ਉਹ ਕੇਵਲ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਦੀ ਮਨਜ਼ੂਰੀ ਉਪਰੰਤ ਹੀ ਚਲਾਇਆ ਜਾ ਸਕੇਗਾ। ਇਹ ਹੁਕਮ ਸਾਰੇ ਅਦਾਰਿਆਂ 'ਤੇ ਲਾਗੂ ਕੀਤੇ ਗਏ ਹਨ।


ਮੈਰਿਜ਼ ਪੈਲਸਾਂ ਵਿੱਚ ਲਾਊਡ ਸਪੀਕਰਾਂ ਦੀ ਆਵਾਜ਼ ਮੈਰਿਜ ਪੈਲਸ ਤੋ. ਬਾਹਰ ਨਹੀਂ ਜਾਣੀ ਚਾਹੀਦੀ। ਜੇਕਰ ਇਸ ਦੀ ਉਲੰਘਣਾ ਹੋਵੇਗੀ ਤਾਂ ਸਬੰਧਤ ਆਰਕੈਸਟਰਾ, ਡੀਜੇਂ ਅਤੇ ਮੈਰਿਜ ਪੈਲਸ ਆਦਿ ਸਾਰਿਆਂ ਦੇ ਖਿਲਾਫ ਕਾਰਵਾਈ ਕੀਤੀ ਜਾਵੇਗੀ।










ਤੁਹਾਡੀ ਅਵਾਜ਼ ਐਤਵਾਰ 4 ਅਪ੍ਰੈਲ 2001 22 ਚੇਤ

# ਨਿਊਜ਼ ਪੰਜਾਬ ਦੀ

ਸੰਪਾਦਕ : ਸ.ਜਗਰਾਜ ਸਿੰਘ ਗਿੱਲ, ਉੱਪ ਸੰ : ਸ.ਮਨਪ੍ਰੀਤ ਸਿੰਘ News Punjab Di

ਨਿਊਜ਼ ਪੰਜਾਬ ਦੀ MEDIA
WEB TV NEWS PUNJAB DI
DAILY ONLINE PUNJABI NEWSPAPER MOGA




ਰਜਿ :PB-14-0002601 | WWW.NEWSPUNJABDI.COM | FACEBOOK.COM/NEWSPUNJABDI | EMAIL: NEWSPUNJABDI24@GMAIL.COM | PH,97000-65709

# ਇੰਦਰਜੀਤ ਖੋਸਾ ਨੇ ਸ੍ਰੀ ਰਾਮ ਬਾਗ ਬਿਰਧ ਸੇਵਾ ਆਸ਼ਰਮ ਦੀ ਉਸਾਰੀ ਲਈ 20 ਲੱਖ ਦਾ ਚੈੱਕ ਮੈਨਜਮੈਂਟ ਨੂੰ ਸੌਂਪਿਆ



ਫਿਰੋਜ਼ਪੁਰ 4 ਅਪ੍ਰੈਲ (ਗੌਰਵ ਭਟੇਜਾ) ਵਿਧਾਇਕ ਪਰਮਿੰਦਰ ਸਿੰਘ ਪਿੰਕੀ ਦੇ ਯਤਨਾ ਸਦਕਾਂ ਸ੍ਰੀ ਰਾਮ ਬਾਗ ਬਿਰਧ ਸੇਵਾ ਆਸ਼ਰਮ ਫਿਰੋਜ਼ਪੁਰ ਦੀ ਉਸਾਰੀ ਅਤੇ ਨਵੀਨੀਕਰਨ ਲਈ 20 ਲੱਖ ਰੁਪਏ ਦੀ ਰਾਸ਼ੀ ਸਰਕਾਰ ਵੱਲੋਂ ਜਾਰੀ ਕਰਵਾਈ ਗਈ ਸੀ। ਜਿਸ ਤਹਿਤ 20 ਲੱਖ ਰੁਪਏ ਦਾ ਚੈੱਕ ਅੱਜ ਵਿਧਾਇਕ ਪਰਮਿੰਦਰ ਸਿੰਘ ਦੀ ਪਤਨੀ ਬੀਬੀ ਇੰਦਰਜੀਤ ਖੋਸਾ ਵੱਲੋ ਆਸ਼ਰਮ ਦੀ ਮੈਨਜਮੈਂਟ ਨੂੰ ਸੌਂਪਿਆਂ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬੀਬੀ ਇੰਦਰਜੀਤ ਖੋਸਾ ਨੇ ਦੱਸਿਆ ਕਿ 20 ਲੱਖ ਰੁਪਏ ਦੀ ਰਾਸ਼ੀ ਨਾਲ ਆਸ਼ਰਮ ਵਿਖੇ ਨਵੇ ਕਮਰੇ ਅਤੇ ਹੋਰ ਜ਼ਰੂਰੀ ਨਵੀਨੀਕਰਨ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਾਡਾ ਫਰਜ ਬਣਦਾ ਹੈ ਕਿ ਅਸੀਂ ਇਥੇ ਰਹਿ ਰਹੇ ਲੋਕਾਂ ਦੀ ਸੇਵਾ ਕਰੀਏ ਕਿਉਂਕਿ ਅਸੀਂ ਅੱਜ ਜਿਸ ਮੁਕਾਮ ਤੇ ਵੀ ਹਾਂ ਆਪਣੇ ਬਜ਼ੁਰਗਾਂ ਦੀਆਂ ਦੁਆਵਾ ਅਤੇ ਆਸ਼ੀਰਵਾਦ ਸਦਕਾਂ ਹੀ ਹਾਂ। ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਤੋਂ ਵੱਡਿਆਂ ਦਾ ਮਾਨ ਸਤਕਾਰ ਅਤੇ ਉਨ੍ਹਾਂ ਦੀ ਸੇਵਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਹਮੇਸ਼ਾਂ ਹੀ ਇਨ੍ਹਾਂ ਦੀ ਸੇਵਾ ਲਈ ਹਾਜ਼ਰ ਹਾਂ ਤੇ ਇਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਆਸ਼ਰਮ ਵਿਖੇ 10 ਲੱਖ ਰੁਪਏ ਦੀ ਲਾਗਤ ਦੇ ਨਾਲ ਸੋਲਰ ਸਿਸਟਮ ਲਗਾ ਕੇ ਦਿੱਤਾ ਗਿਆ ਸੀ ਤਾਂ ਜੋ ਬਿਜਲੀ ਬਿਜਲੀ ਤੋਂ ਕੁਝ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਅੱਜ ਇਸ ਆਸ਼ਰਮ ਦੀ ਉਸਾਰੀ/ਰੈਨੇਵੇਸ਼ਨ ਲਈ 20 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ ਹੈ ਅਤੇ ਜੇਕਰ ਜ਼ਰੂਰਤ ਹੋਈ ਤਾਂ ਆਸ਼ਰਮ ਲਈ ਹੋਰ ਵੀ ਫੰਡ ਲਿਆਂਦੇ ਜਾਣਗੇ। ਇਸ ਮੌਕੇ ਪ੍ਰਧਾਨ ਹਰੀਸ਼ ਭਗਤ, ਸਕੱਤਰ ਨਰੇਸ਼ ਜੈਨ, ਕੈਸ਼ੀਅਰ ਰਾਕੇਸ਼ ਅਗਰਵਾਲ, ਮੁਕੇਸ਼ ਗੋਇਲ, ਸੰਜੀਵ ਖੰਨਾ, ਸਪਨਾ ਤਿਆਲ ਪ੍ਰਧਾਨ ਕੈਂਟ ਬੋਰਡ, ਸੰਜੈ ਗੁਪਤਾ, ਬਯੰਤ ਸਿਕਰੀ, ਅਜੈ ਜੋਸ਼ੀ, ਰੂਪ ਨਰਾਇਨ, ਕਾਕਾ ਗੋਇਲ, ਡਾ. ਰਜਨੀ ਸ਼ਰਮਾ, ਤਰੁਨ ਪਾਇਲਟ, ਵਿਸ਼ਾਲ ਸਿੱਕਾ ਆਦਿ ਹਾਜ਼ਰ ਸਨ।


ਪੱਤਰਕਾਰਾਂ ਦੀ ਜ਼ਰੂਰਤ ਹੈ
97000/65709

ਖੁਸ਼ਖਬਰੀ ਖੁਸ਼ਖਬਰੀ
ਨਿਊਜ ਪੰਜਾਬ ਦੀ ਚੈਨਲ ਤੇ ਬਹੁਤ ਘੱਟ ਖਰਚੇ ਨਾਲ LIVE ਕਰਵਾਉ ਤੇ ਆਪਣੀਆਂ ਖੁਸ਼ੀਆਂ ਵਿਦੇਸਾਂ ਵਿਚ ਬੈਠੇ ਰਿਸ਼ਤੇਦਾਰਾਂ, ਦੋਸਤਾਂ ਨਾਲ ਸਾਂਝੀਆਂ ਕਰੋ
ਇਹਨਾਂ ਪ੍ਰੋਗ੍ਰਾਮਾਂ ਦਾ ਲਾਈਵ ਪ੍ਰਸਾਰਨ ਕੀਤਾ ਜਾਂਦਾ ਹੈ
ਵਿਆਹ,ਅਖੰਡ ਪਾਠ,ਸਹਿਜ ਪਾਠ ਦਾ ਭੋਗ, ਧਾਰਮਿਕ ਸਮਾਗਮ,ਜਾਗਰਣ, ਕਬੱਡੀ ਟੂਰਨਾਮੈਂਟ ਆਦਿ
ਸੰਪਰਕ/97000-65709 # 98553-56783
Www.Newspunjabdi.com

ਖਬਰਾਂ ਅਤੇ ਇਸ਼ਤਿਹਾਰ ਜਾਂ ਲਾਈਵ ਕਵਰੇਜ ਕਰਵਾਉਣ ਲਈ ਸੰਪਰਕ ਕਰੋ
ਨਿਊਜ਼ ਪੰਜਾਬ ਦੀ ਚੈਨਲ
M. 97000-65709, M. 98553-56783
News Punjab Di
Web TV, Magazine & E-Newspaper
ਪੰਜਾਬੀ ਖਬਰਾਂ, ਪੰਜਾਬੀ ਸੱਭਿਆਚਾਰਕ, ਖੇਡ ਟੂਰਨਾਮੈਂਟ ਅਤੇ ਧਾਰਮਿਕ ਪ੍ਰੋਗਰਾਮ ਦੇਖਣ ਲਈ ਚੈਨਲ ਨੂੰ ਸਬਸਕ੍ਰਾਈਬ ਕਰੋ।
Jagraj Singh Gill
Director (Chief Editor)
E mail : newspunjabdi24@gmail.com
Subscribe my youtube channel newspunjabdi.com

ਸ੍ਰੀ ਵਹਿਗੁਰੂ ਜੀ ਕਾ ਖਾਲਸਾ ਸ੍ਰੀ ਵਹਿਗੁਰੂ ਜੀ ਕੀ ਫਤਿਹ
ਖੂਨ ਦਾਨ ਕੈਂਪ
ਧੰਨ ਧੰਨ ਬਾਬਾ ਨੰਦ ਸਿੰਘ ਜੀ ਮਹਾਰਾਜ ਲੋਹਾਰੇ ਵਾਲਿਆਂ ਦੀ
Blood Donation
21ਵੀ ਸਲਾਨਾ ਬਰਸੀ
ਦੇ ਸਬੰਧ ਵਿੱਚ ਪਹਿਲਾ ਖੂਨਦਾਨ ਕੈਂਪ ਮਿਤੀ 9 ਅਪ੍ਰੈਲ ਨੂੰ ਗੁਰਦੁਆਰਾ ਬਾਬਾ ਨੰਦ ਸਿੰਘ ਜੀ ਤੱਪ ਅਸਥਾਨ ਅਤੇ ਅੰਗੀਠਾ ਸਾਹਿਬ ਪਿੰਡ ਲੋਹਾਰਾ ਵਿਖੇ ਲਗਾਇਆ ਜਾ ਰਿਹਾ ਹੈ
ਮਹਾਪੁਰਸ਼ਾ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਖੂਨਦਾਨ ਕਰਕੇ ਕਰੋ ਅੱਜ ਹੀ ਆਪਣਾ ਨਾਮ ਦਰਜ਼ ਕਰਵਾਓ ਜੀ।
94170-10380/99889-29988/97000/65709

## ਸਾਢੇ 3 ਕਰੋੜ ਰੁਪਏ ਦੀ ਲਾਗਤ ਨਾਲ ਬਦਲੇਗੀ ਹੁਸੈਨੀਵਾਲਾ ਸ਼ਹੀਦੀ ਸਮਾਰਕ ਦੀ ਨੁਹਾਰ-ਵਿਧਾਇਕ ਪਿੰਕੀ

### ਹੈਰੀਟੇਜ ਬਿਲਡਿੰਗ ਦੀ ਨੁਹਾਰ ਬਦਲਣ ਦੇ ਨਾਲ-ਨਾਲ ਓਪਨ ਰੈਸਟੋਰੈਂਟ, ਬੋਟਿੰਗ ਕਲੱਬ ਅਤੇ ਬੱਚਿਆਂ ਦੇ ਲਈ ਬਣਾਇਆ ਜਾਵੇਗਾ ਪਾਰਕ



ਫਿਰੋਜ਼ਪੁਰ **4** ਅਪ੍ਰੈਲ (ਗੌਰਵ ਭਟੇਜਾ) ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਢੇ ਹੁਸੈਨੀਵਾਲਾ ਸ਼ਹੀਦੀ ਸਮਾਰਕ ਦੀ ਨੁਹਾਰ ਬਦਲਣ ਦੇ ਲਈ ਸਾਢੇ **3** ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਡੇਢ ਕਰੋੜ ਰੁਪਏ ਦੀ ਰਾਸ਼ੀ ਦੇ ਨਾਲ ਜਿੱਥੇ ਹੈਰੀਟੇਜ ਬਿਲਡਿੰਗ ਦੀ ਨੁਹਾਰ ਬਦਲੀ ਜਾਵੇਗੀ ਉੱਥੇ ਓਪਨ ਰੈਸਟੋਰੈਂਟ, ਬੋਟਿੰਗ ਕਲੱਬ ਅਤੇ ਬੱਚਿਆਂ ਦੇ ਲਈ ਪਾਰਕ ਬਣਾਈ ਜਾਵੇਗੀ।

ਵਿਧਾਇਕ ਪਿੰਕੀ ਨੇ ਦੱਸਿਆ ਕਿ ਕਰੋੜਾਂ ਰੁਪਏ ਦੀ ਲਾਗਤ ਨਾਲ ਹੁਸੈਨੀਵਾਲਾ ਸ਼ਹੀਦੀ ਸਮਾਰਕ ਵਿਖੇ ਸ਼ਹੀਦ ਭਗਤ ਸਿੰਘ ਜੀ ਦੀ ਜੀਵਨੀ ਨਾਲ ਸਬੰਧਿਤ ਲਾਈਟ ਐਂਡ ਸਾਊਂਡ ਸ਼ੋਅ ਲਗਵਾਇਆ ਜਾ ਰਿਹਾ ਹੈ। ਇਸ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਪਾਣੀ ਦੇ ਫੁਹਾਰੇ ਤੇ ਸ਼ਹੀਦ ਭਗਤ ਸਿੰਘ ਦੀ ਜੀਵਨੀ ਵਿਖਾਈ ਜਾਵੇਗੀ ਤਾ ਜੋ ਸਾਰਿਆਂ ਨੂੰ ਪਤਾ ਚੱਲ ਸਕੇ ਕਿ ਦੇਸ਼ ਦੀ ਆਜ਼ਾਦੀ ਦੇ ਲਈ ਨੌਜਵਾਨਾਂ ਨੇ ਕਿਸ ਤਰ੍ਹਾਂ ਸੰਘਰਸ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਜਗ੍ਹਾਂ ਤੇ ਸੈਲਾਨੀਆਂ ਦੇ ਰਹਿਣ ਦੇ ਲਈ ਕਮਰੇ ਵੀ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪਹਿਲਾ ਸੈਲਾਨੀ ਇਸ ਜਗ੍ਹਾਂ ਤੇ ਆਉਂਦੇ ਸਨ ਪਰ ਇਸ ਜਗ੍ਹਾ ਤੇ ਉਨ੍ਹਾਂ ਦੇ ਰਹਿਣ ਲਈ ਕੋਈ ਪ੍ਰਬੰਧ ਨਾ ਹੋਣ ਕਾਰਨ ਉਨ੍ਹਾ ਨੂੰ ਵਾਪਸ ਪਰਤਣਾ ਪੈਂਦਾ ਸੀ।ਹੁਣ ਕਮਰਿਆਂ ਦੇ ਬਣਨ ਨਾਲ ਸੈਲਾਨੀ ਇੱਥੇ ਰਹਿ ਸਕਦੇ ਹਨ ਅਤੇ ਆਰਾਮ ਦੇ ਨਾਲ ਰੀਟਰੀਟ ਸੈਰੇਮਨੀ ਦਾ ਆਨੰਦ ਵੀ ਲੈ ਸਕਦੇ ਹਨ।

ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਕੀ ਹੁਸੈਨੀਵਾਲਾ ਵਿਖੇ ਬਣੇ ਇਤਿਹਾਸਿਕ ਰੇਲਵੇ ਸਟੇਸਨ ਦੀ ਪੂਰੀ ਤਰ੍ਹਾਂ ਨਾਲ ਸੰਭਾਲ ਕੀਤੀ ਜਾਵੇਗੀ ਅਤੇ ਇਹ ਰੇਲਵੇ ਸਟੇਸਨ ਜੋ ਕਿ ਵਿਸ਼ੇਸ਼ ਇਤਿਹਾਸਿਕ ਮਹੱਤਵ ਰੱਖਦਾ ਹੈ, ਇਸਦੀ ਪੁਰਾਣੀ ਦਿੱਖ ਨੂੰ ਇਸੇ ਤਰ੍ਹਾਂ ਸੰਭਾਲ ਕੇ ਰੱਖਣ ਲਈ ਵਿਸ਼ੇਸ਼ ਤੌਰ ਤੇ ਕੰਮ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਇਸ ਜਗ੍ਹਾ ਦਾ ਵਿਸ਼ੇਸ਼ ਇਤਿਹਾਸਿਕ ਮਹੱਤਵ ਹੈ। ਦੇਸ਼ ਦੀ ਆਜ਼ਾਦੀ ਦੀ ਲੜਾਈ ਦੇ ਵਿੱਚ ਸ਼ਹੀਦ ਭਗਤ ਸਿੰਘ ਵਰਗੇ ਨੌਜਵਾਨਾਂ ਨੇ ਜਵਾਨੀ ਦੀ ਉਮਰ ਵਿੱਚ ਆਪਣੀਆਂ ਸਹਾਦਤਾਂ ਦਿੱਤੀਆਂ। ਸਾਨੂੰ ਇਨ੍ਹਾਂ ਸ਼ਹੀਦ ਭਗਤਾਂ ਤੋਂ ਪ੍ਰੇਰਨਾ ਲੈ ਕੇ ਅਤੇ ਦੇਸ਼ ਦੀ ਤਰੱਕੀ ਲਈ ਮਿਲ ਜੁਲ ਕੇ ਯੋਗਦਾਨ ਪਾਉਣਾ ਚਾਹੀਦਾ ਹੈ।






## ਪੰਜਾਬ ਰੋਡਵੇਜ਼ ਮੋਗਾ ਡੀਪੂ ਦੀਆਂ ਬੱਸਾਂ ਨੇ ਦੋ ਦਿਨ ਵਿੱਚ 3163 ਔਰਤਾਂ ਨੂੰ ਕਰਾਇਆ ਮੁਫ਼ਤ ਸਫ਼ਰ



### ਹਰੇਕ ਵਰਗ ਦੇ ਯਾਤਰੀ ਸਰਕਾਰੀ ਬੱਸ ਦੇ ਸਫ਼ਰ ਦਾ ਆਨੰਦ ਲੈਣ - ਜਨਰਲ ਮੈਨੇਜਰ ਜਗਰਾਜ ਸਿੰਘ

ਮੋਗਾ, *4* ਅਪਰੈਲ *(*ਜਗਰਾਜ ਸਿੰਘ ਗਿੱਲ*) -* ਮਹਿਲਾ ਸਸ਼ਕਤੀਕਰਨ ਵੱਲ ਇਕ ਹੋਰ ਵੱਡਾ ਕਦਮ ਚੁੱਕਦਿਆਂ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਬੀਤੇ ਦਿਨੀਂ ਸੂਬੇ ਵਿੱਚ ਚੱਲਣ ਵਾਲੀਆਂ ਸਾਰੀਆਂ ਸਰਕਾਰੀ ਬੱਸਾਂ ਵਿੱਚ ਔਰਤਾਂ ਨੂੰ ਮੁਫਤ ਸਫਰ ਕਰਨ ਦੀ ਸਹੂਲਤ ਦਾ ਵਰਚੁਅਲ ਤੌਰ 'ਤੇ ਆਗਾਜ਼ ਕੀਤਾ। ਜਿਸ ਦਾ ਔਰਤ ਵਰਗ ਵੱਲੋਂ ਭਾਰੀ ਲਾਹਾ ਲੈਣਾ ਸ਼ੁਰੂ ਕਰ ਦਿੱਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰੋਡਵੇਜ਼ ਮੋਗਾ ਡੀਪੂ ਦੇ ਜਨਰਲ ਮੈਨੇਜਰ ਸ੍ਰ ਜਗਰਾਜ ਸਿੰਘ ਅਤੇ ਵਰਕਸ਼ਾਪ ਮੈਨੇਜਰ ਸ਼੍ਰੀ ਮੇਰਿਕ ਗਰਗ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਹ ਸੇਵਾ ਮਿਤੀ ***1*** ਅਪ੍ਰੈਲ ਤੋਂ ਚਾਲੂ ਕੀਤੀ ਗਈ ਹੈ, ਜਿਸ ਪ੍ਰਤੀ ਔਰਤ ਯਾਤਰੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਮੋਗਾ ਡੀਪੂ ਦੀਆਂ ਬੱਸਾਂ ਨੇ ਮਿਤੀ ***1*** ਅਪ੍ਰੈਲ ਨੂੰ ***336*** ਅਤੇ ***2*** ਅਪ੍ਰੈਲ ਨੂੰ ***2827*** ਔਰਤਾਂ ਨੂੰ ਮੁਫ਼ਤ ਸਫ਼ਰ ਕਰਾਇਆ। ਇਹਨਾਂ ਯਾਤਰੀਆਂ ਦੀ ਕੁੱਲ ਸਫ਼ਰ ਰਾਸ਼ੀ ***1,53,357*** ਰੁਪਏ ਬਣਦੀ ਹੈ। ਜੇਕਰ ਪੰਜਾਬ ਸਰਕਾਰ ਇਹ ਸਹੂਲਤ ਨਾ ਲਿਉਂਦੀ ਤਾਂ ਇਹ ਰਾਸ਼ੀ ਆਮ ਗਰੀਬ ਔਰਤਾਂ ਦੀ ਜੇਬ ਵਿੱਚੋਂ ਜਾਣੀ ਸੀ।


ਉਹਨਾਂ ਦੱਸਿਆ ਕਿ ਟਰਾਂਸਪੋਰਟ ਵਿਭਾਗ ਵੱਲੋਂ ਮਿਲੇ ਆਦੇਸ਼ ਦੀ ਪਾਲਣਾ ਕਰਦਿਆਂ ਸਮੂਹ ਕੰਡਕਟਰ ਅਤੇ ਡਰਾਈਵਰਾਂ ਨੂੰ ਕਿਹਾ ਗਿਆ ਹੈ ਕਿ ਵੱਧ ਤੋਂ ਵੱਧ ਯੋਗ ਔਰਤਾਂ ਨੂੰ ਇਸ ਸਹੂਲਤ ਦਾ ਲਾਭ ਦਿਵਾਇਆ ਜਾਵੇ। ਇਸ ਸਬੰਧੀ ਬਣਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਹਨਾਂ ਹਰੇਕ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਰਕਾਰੀ ਬੱਸਾਂ ਦਾ ਸਫ਼ਰ ਜਰੂਰ ਕਰਨ। ਕਿਉਂਕਿ ਹੁਣ ਉਹ ਸਮਾਂ ਲੰਘ ਗਿਆ ਹੈ ਕਿ ਸਰਕਾਰੀ ਬੱਸਾਂ ਵਿਚ ਨਿੱਜੀ ਬੱਸਾਂ ਜਿਹੀਆਂ ਸਹੂਲਤਾਂ ਨਹੀਂ ਹੁੰਦੀਆਂ ਸਨ। ਸੇਵਾ ਦੇ ਮਾਮਲੇ ਵਿਚ ਅੱਜ ਸਰਕਾਰੀ ਬੱਸਾਂ ਨਿਜ਼ੀ ਬੱਸਾਂ ਤੋਂ ਕਿਧਰੇ ਵੀ ਘੱਟ ਨਹੀਂ ਹਨ।

ਜ਼ਿਲ੍ਹਾ ਮੋਗਾ ਦੀਆਂ ਬੱਚੀਆਂ, ਔਰਤਾਂ ਅਤੇ ਬਜ਼ੁਰਗ ਮਾਤਾਵਾਂ ਨੂੰ ਪੰਜਾਬ ਸਰਕਾਰ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਦਾ ਸੱਦਾ ਦਿੰਦਿਆਂ ਉਹਨਾਂ ਨੇ ਕਿਹਾ ਕਿ ਇਸ ਸਹੂਲਤ ਨਾਲ ਸਹੀ ਅਰਥਾਂ ਵਿੱਚ ਔਰਤਾਂ ਦਾ ਸਸ਼ਕਤੀਕਰਨ ਹੋਵੇਗਾ। ਉਹਨਾਂ ਕਿਹਾ ਕਿ ਇਸ ਮੁਫਤ ਸਫਰ ਸਕੀਮ ਦਾ ਸੂਬੇ ਵਿੱਚ ***1.31*** ਕਰੋੜ ਔਰਤਾਂ ਤੇ ਲੜਕੀਆਂ ਨੂੰ ਫਾਇਦਾ ਹੋਵੇਗਾ। ਸਾਰੀਆਂ ਮਹਿਲਾਵਾਂ ਚਾਹੇ ਉਹ ਕੋਈ ਵੀ ਵਿੱਤੀ ਰੁਤਬਾ ਰੱਖਦੀਆਂ ਹੋਣ, ਸਿਰਫ ਆਧਾਰ ਜਾਂ ਵੋਟਰ ਜਾਂ ਕੋਈ ਵੀ ਯੋਗ ਸ਼ਨਾਖਤੀ ਕਾਰਡ ਦਿਖਾ ਕੇ ਸਾਰੀਆਂ ਗੈਰ ਏ.ਸੀ.ਬੱਸਾਂ ਤੇ ਸੂਬੇ ਅੰਦਰ ਚੱਲਣ ਵਾਲੀਆਂ ਬੱਸਾਂ ਵਿੱਚ ਮੁਫਤ ਸਫਰ ਕਰ ਸਕਦੀਆਂ ਹਨ।

ਉਹਨਾਂ ਨੇ ਕਿਹਾ ਕਿ ਪੰਜਾਬ ਰੋਡਵੇਜ਼ ਔਰਤਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਟਰਾਂਸਪੋਰਟ ਵਿਭਾਗ ਵਾਹਨਾਂ ਦੀ ਟਰੈਕਿੰਗ ਲਈ ਸਾਰੀਆਂ ਸਰਕਾਰੀ ਤੇ ਪ੍ਰਾਈਵੇਟ ਬੱਸਾਂ ਵਿੱਚ ਜੀ.ਪੀ.ਐਸ. ਸਿਸਟਮ ਲਗਾਉਣ ਜਾ ਰਿਹਾ ਹੈ। ਇਸ ਤੋਂ ਇਲਾਵਾ ਹੰਗਾਮੀ ਹਾਲਤ ਲਈ ਪੈਨਿਕ ਬਟਨ ਹੋਵੇਗਾ। ਸਰਕਾਰੀ ਬੱਸਾਂ ਵਿੱਚ ਇਹ ਪ੍ਰਕਿਰਿਆ ਮੁਕੰਮਲ ਹੋਣ ਦੇ ਨੇੜੇ ਹੈ ਅਤੇ ਪ੍ਰਾਈਵੇਟ ਅਪਰੇਟਰਾਂ ਨੂੰ ***31*** ਅਗਸਤ ਤੱਕ ਪੂਰਾ ਕਰਨ ਲਈ ਆਖਿਆ ਗਿਆ ਹੈ।

ਇਸ ਦੌਰਾਨ ਮੋਗਾ ਦੇ ਬੱਸ ਅੱਡੇ ਉੱਤੇ ਇਕ ਰਾਜਵਿੰਦਰ ਕੌਰ ਨਾਂ ਦੀ ਮਹਿਲਾ ਨੇ ਕਿਹਾ ਕਿ ਇਹ ਫੈਸਲਾ ਹੁਣ ਉਸ ਨੂੰ ਆਪਣੇ ਪਰਿਵਾਰ ਤੇ ਰਿਸ਼ਤੇਦਾਰਾਂ ਨੂੰ ਬਿਨਾਂ ਕੋਈ ਖਰਚਾ ਕੀਤੇ ਮਿਲਣ ਲਈ ਬਹੁਤ ਸਹਾਈ ਸਿੱਧ ਹੋਵੇਗਾ। ਇਕ ਹੋਰ ਔਰਤ ਨੇ ਇਸ ਮਹਾਨ ਫੈਸਲੇ ਨੂੰ ਮਹਿਲਾਵਾਂ ਦੇ ਸਸ਼ਕਤੀਕਰਨ ਦਾ ਫੈਸਲਾ ਕਰਾਰ ਦਿੱਤਾ।ਇਸ ਤੋਂ ਇਲਾਵਾ ਹੋਰ ਔਰਤ ਯਾਤਰੀਆਂ ਨੇ ਵੀ ਕਿਹਾ ਕਿ ਇਹ ਔਰਤਾਂ ਨੂੰ ਸਮਾਜਿਕ ਅਤੇ ਆਰਥਿਕ ਤੌਰ ਉਪਰ ਚੁੱਕਣ ਦਾ ਉਪਰਾਲਾ ਹੈ




ਤੁਹਾਡੀ ਅਵਾਜ਼ ਐਤਵਾਰ 4 ਅਪ੍ਰੈਲ 2001 22 ਚੇਤ

# ਨਿਊਜ਼ ਪੰਜਾਬ ਦੀ

ਸੰਪਾਦਕ : ਸ.ਜਗਰਾਜ ਸਿੰਘ ਗਿੱਲ, ਉੱਪ ਸੰ : ਸ.ਮਨਪ੍ਰੀਤ ਸਿੰਘ *News Punjab Di*







ਰਜਿ :PB-14-0002601 | WWW.NEWSPUNJABDI.COM | FACEBOOK.COM/NEWSPUNJABDI | EMAIL: NEWSPUNJABDI24@GMAIL.COM | PH,97000-65709

## ਡੇਰਾ ਬਿਆਸ ਮੁਖੀ ਜੱਥੇਦਾਰ ਦਾਦੂਵਾਲ ਨੂੰ ਮਿਲਣ ਪਹੁੰਚੇ, ਇਸ ਮੁਲਾਕਾਤ ਦੇ ਹੋਰ ਅਰਥ ਨਾ ਕੱਢੇ ਜਾਣ - ਜਥੇਦਾਰ ਦਾਦੂਵਾਲ






ਮੋਗਾ ( ਇਕਬਾਲ ਕਲਿਆਣ ) - ਭਾਵੇਂ ਡੇਰਾਵਾਦ ਤੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੀ ਸਿੱਖੀ ਸਿਧਾਂਤਾਂ ਖਿਲਾਫ ਮਾਨਸਿਕਤਾ ਅਤੇ ਡੇਰਾ ਸਿਰਸਾ ਦੀਆਂ ਸਿੱਖ ਕੌਮ ਵਿਪਰੀਤ ਗਤੀਵਿਧੀਆਂ ਦਾ ਜੱਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਡਟਵਾਂ ਵਿਰੋਧ ਕੀਤਾ ਜੋ ਨਿਰੰਤਰ ਜਾਰੀ ਵੀ ਹੈ ਪਰ ਦੂਸਰੇ ਪਾਸੇ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋ ਵੱਲੋਂ ਜੱਥੇਦਾਰ ਦਾਦੂਵਾਲ ਨਾਲ ਗੁਰਦੁਆਰਾ ਦਾਦੂ ਸਾਹਿਬ ਆਕੇ ਮੁਲਾਕਾਤਾਂ ਕਰਨੀਆਂ ਇਸ ਵਰਤਾਰੇ ਨੂੰ ਲੈ ਕੇ ਸਿੱਖ ਜਗਤ ਸਫਾਂ ਚ ਚਰਚਾ ਹੋਣੀ ਸੁਭਾਵਿਕ ਹੈ | ਬੀਤੇ ਦਿਨ ਵੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਮਿਲਣ ਉਨਾਂ ਦੇ ਮੁੱਖ ਅਸਥਾਨ ਗੁਰਦੁਆਰਾ ਦਾਦੂ ਸਾਹਿਬ ਵਿਖੇ ਪੁੱਜੇ ਅਤੇ 1 ਘੰਟੇ ਦੇ ਕਰੀਬ ਉੱਥੇ ਰੁਕੇ । ਇਸ ਨੂੰ ਲੈ ਕੇ ਸਿਆਸੀ , ਧਾਰਮਿਕ ਲੋਕਾਂ ਅਤੇ ਖੁਫ਼ੀਆ ਵਿਭਾਗ ਵਿੱਚ ਪੂਰੀ ਹਲਚਲ ਰਹੀ । ਇਸ ਬਾਰੇ ਜਥੇਦਾਰ ਦਾਦੂਵਾਲ ਜੀ ਨੂੰ ਪੁੱਛਣ ਤੇ ਉਨਾਂ ਕਿਹਾ ਕਿ ਡੇਰਾ ਬਿਆਸ ਮੁਖੀ ਪਹਿਲਾਂ ਵੀ ਕਈ ਵਾਰ ਇਸ ਅਸਥਾਨ ਤੇ ਆ ਚੁੱਕੇ ਹਨ ਅਤੇ ਕੱਲ ਵੀ ਇਸ ਇਲਾਕੇ ਚੋਂ ਲੰਘ ਰਹੇ ਸਨ ਅਤੇ ਉਨਾਂ ਨੂੰ ਮਿਲਣ ਗੁਰਦੁਆਰਾ ਦਾਦੂ ਸਾਹਿਬ ਵਿਖੇ ਆਏ ਸਨ। ਉਹਨਾਂ ਕਿਹਾ ਕਿ ਇਸ ਮੁਲਾਕਾਤ ਦੇ ਕੋਈ ਹੋਰ ਅਰਥ ਨਾ ਕੱਢੇ ਜਾਣ । ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਕਈ ਬਾਰ ਡੇਰਾ ਬਿਆਸ ਮੁਖੀ ਗੁਰਦੁਆਰਾ ਦਾਦੂ ਸਾਹਿਬ ਆਏ ਹਨ ਪ੍ਰੰਤੂ ਹਰ ਵਾਰ ਉਹਨਾਂ ਦੇ ਆਉਣ ਦੀ ਕਿਸੇ ਨੂੰ ਭਿਣਕ ਨਹੀਂ ਹੁੰਦੀ ਅਤੇ ਉਹ ਮੀਡੀਆ ਤੋਂ ਵੀ ਦੂਰੀ ਬਣਾ ਕੇ ਰੱਖਦੇ ਹਨ । ਡੇਰਾ ਬਿਆਸ ਮੁਖੀ ਦਾ ਗੁਰਦੁਆਰਾ ਦਾਦੂ ਸਾਹਿਬ ਆਉਣਾ, ਜਥੇਦਾਰ ਦਾਦੂਵਾਲ ਜੀ ਨਾਲ ਬੰਦ ਕਮਰਾ ਮੀਟਿੰਗ ਕਰਨਾ ਅਤੇ ਪਤਾ ਲੱਗਣ ਤੇ ਪਹੁੰਚੇ ਡੇਰਾ ਬਿਆਸ ਦੇ ਸ਼ਰਧਾਲੂਆਂ ਨੂੰ ਵੀ ਬਿਨ੍ਹਾਂ ਕੁਝ ਬੋਲੇ ਸਿਰਫ ਹੱਥ ਜੋੜ ਕੇ ਚਲੇ ਜਾਣਾ ਅਤੇ ਜਥੇਦਾਰ ਦਾਦੂਵਾਲ ਨੂੰ ਇਸ ਬਾਰੇ ਪੁੱਛਣ ਤੇ ਉਹਨਾਂ ਵੱਲੋਂ ਵੀ ਹਰ ਵਾਰ ਇਹੋ ਜਬਾਬ ਮਿਲਣਾ ਕਿ ਉਹ ਇਲਾਕੇ ਚੋਂ ਲੰਘ ਰਹੇ ਸਨ ਅਤੇ ਉਨਾਂ ਨੂੰ ਮਿਲਣ ਗੁਰਦੁਆਰਾ ਦਾਦੂ ਸਾਹਿਬ ਵਿਖੇ ਆਏ ਸਨ ਇਹ ਸਾਰਾ ਘਟਨਾਕਰਮ ਆਪਣੇ ਆਪ ਵਿਚ ਇੱਕ ਬੁਝਾਰਤ ਬਣਿਆ ਹੋਇਆ ਹੈ ।

## ਮਲਾ ਝੀਂਡਾ ਤੇ ਨਲਵੀ ਵੱਲੋਂ ਅਰੋਪ ਲਗਾਉਣ ਦਾ ਜਥੇਦਾਰ ਦਾਦੂਵਾਲ ਨੇ ਅਰੋਪਾਂ ਨੂੰ ਸਬੂਤਾਂ ਸਮੇਤ ਨਕਾਰਿਆ



ਮੋਗਾ ( ਇਕਬਾਲ ਕਲਿਆਣ ) - ਬੀਤੇ ਦਿਨ ਤੋਂ ਜਗਦੀਸ਼ ਸਿੰਘ ਝੀਂਡਾ ਅਤੇ ਦੀਦਾਰ ਸਿੰਘ ਨਲਵੀ ਵੱਲੋਂ ਲਗਾਏ ਜਾ ਰਹੇ ਆਰੋਪਾਂ ਨੂੰ ਉਸ ਵਕਤ ਵਿਰਾਮ ਚਿੰਨ ਲੱਗ ਗਿਆ ਜਦੋ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਅੱਜ ਲੰਘੇ ਦਿਨ ਜਗਦੀਸ਼ ਸਿੰਘ ਝੀਂਡਾ ਦੀਦਾਰ ਸਿੰਘ ਨਲਵੀ ਵੱਲੋਂ ਲਗਾਏ ਆਰੋਪਾਂ ਨੂੰ ਸਬੂਤਾਂ ਸਮੇਤ ਨਕਾਰਿਆ ਉਨ੍ਹਾਂ ਦੇ ਲਗਾਏ ਝੂਠੇ ਆਰੋਪਾਂ ਤੇ ਹਰ ਇੱਕ ਦੇ ਜਥੇਦਾਰ ਦਾਦੂਵਾਲ ਜੀ ਨੇ ਸਬੂਤ ਮੀਡੀਆ ਨੂੰ ਪੇਸ਼ ਕੀਤੇ ਉਨ੍ਹਾਂ ਨੇ ਹਰਿਆਣਾ ਵਿਚ ਪਿਛਲੇ **25** ਸਾਲ ਤੋਂ ਰਹਿਣ ਦਾ ਸਬੂਤ ਵੀ ਮੀਡੀਆ ਨੂੰ ਦਿਖਾਇਆ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਹਰਿਆਣਾ ਕਮੇਟੀ ਦੇ ਕੁਝ ਮੈਂਬਰਾਂ ਵੱਲੋਂ ਗੁਰੂ ਦੀ ਗੋਲਕ ਦੀ ਕੀਤੀ ਲੁੱਟ ਨੂੰ ਦੁਬਾਰਾ ਗੁਰੂ ਕੀ ਗੋਲਕ ਵਿੱਚ ਭਰਵਾ ਕੇ ਉਨ੍ਹਾਂ ਨੇ ਕੋਈ ਮਾੜਾ ਕੰਮ ਨਹੀਂ ਕੀਤਾ ਸਗੋਂ ਘਪਲਾ ਕਰਨ ਵਾਲੇ ਕੁਰੱਪਟ ਮੈਂਬਰਾਂ ਤੇ ਸਖ਼ਤੀ ਕਰਕੇ ਗੁਰੂ ਕੀ ਗੋਲਕ ਦਾ ਪੈਸਾ ਕਢਵਾਇਆ ਹੈ ਉਨਾਂ ਧਰਮ ਪ੍ਰਚਾਰ ਕੀਤਾ ਅਤੇ ਗੁਰਦੁਆਰਿਆਂ ਦਾ ਪ੍ਰਬੰਧ ਸੁਚੱਜਾ ਕੀਤਾ ਹੈ ਜਿਸ ਵਾਸਤੇ ਚੰਗੇ ਈਮਾਨਦਾਰ ਮੈਂਬਰ ਉਨ੍ਹਾਂ ਦਾ ਸਾਥ ਦੇ ਰਹੇ ਹਨ ਅਤੇ ਕੁੱਝ ਭ੍ਰਿਸ਼ਟ ਵਿਰੋਧ ਵਿਚ ਲੱਗੇ ਹੋਏ ਹਨ ਜਿਨ੍ਹਾਂ ਦੀ ਉਨ੍ਹਾਂ ਨੂੰ ਕੋਈ ਪਰਵਾਹ ਨਹੀਂ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪਿਛਲੇ ਸਾਲ ਦੋ ਵਾਰ ਜਨਰਲ ਹਾਊਸ ਦੀ ਮੀਟਿੰਗ ਬੁਲਾਈ ਗਈ ਸੀ ਅਤੇ **2021** ਦੇ ਵਿਚ ਵੀ ਜਲਦੀ ਜਰਨਲ ਹਾਊਸ ਦੀ ਮੀਟਿੰਗ ਬੁਲਾ ਕੇ ਵਿਰੋਧੀਆਂ ਦਾ ਭੁਲੇਖਾ ਦੂਰ ਕਰ ਦਿੱਤਾ ਜਾਵੇਗਾ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਦੀਦਾਰ ਸਿੰਘ ਨਲਵੀ ਦੀ ਉਮਰ ਵਡੇਰੀ ਹੋਣ ਕਰਕੇ ਉਨਾਂ ਨੂੰ ਪਤਾ ਨਹੀ ਲੱਗਦਾ ਕੇ ਉਹ ਕੀ ਕਹਿ ਰਹੇ ਹਨ ਜਦੋਂ ਕੇ ਹਰਿਆਣਾ ਕਮੇਟੀ ਦੇ ਐਕਟ **2014** ਬਾਰੇ ਉਹ ਨਲਵੀ ਨਾਲੋਂ ਵੱਧ ਜਾਣਦੇ ਹਨ ਸਿਰਫ ਕਮੇਟੀ ਵਿੱਚ ਅਹੁਦਾ ਨਾ ਮਿਲਣ ਕਾਰਣ ਉਹ ਬੇਤੁੱਕੀਆਂ ਗੱਲਾਂ ਕਰ ਰਹੇ ਹਨ ਜਿਨਾਂ ਦਾ ਜਵਾਬ ਦੇਣਾ ਵੀ ਵਾਜ਼ਬ ਨਹੀ ਹੈ ਨਲਵੀ ਨੂੰ ਕਮੇਟੀ ਦੇ ਚੱਲ ਰਹੇ ਵਧੀਆ ਕੰਮ ਕਾਜ ਵਿੱਚ ਰੁਕਾਵਟ ਪਾਉਣ ਦੀ ਬਿਰਤੀ ਤਿਆਗ ਕੇ ਪਾਠ ਪੂਜਾ ਕਰਕੇ ਰਹਿੰਦੀ ਜਿੰਦਗੀ ਸਵਾਰਨੀ ਚਾਹੀਦੀ ਹੈ ਇੱਕ ਹਜ਼ਾਰ ਪੁਲੀਸ ਮੁਲਾਜ਼ਮ ਲੈ ਕੇ ਝਿਊਰਹੇੜੀ ਗੁਰਦੁਆਰੇ ਜਾਣ ਤੇ ਨਲਵੀ ਦੇ ਬਿਆਨ ਤੇ ਜਥੇਦਾਰ ਦਾਦੂਵਾਲ ਨੇ ਚੁਸਕੀ ਲੈਂਦਿਆਂ ਕਿਹਾ ਕਿ ਇਕ ਹਜ਼ਾਰ ਪੁਲੀਸ ਮੁਲਾਜ਼ਮ ਤਾਂ ਸੀਐੱਮ ਪੀਐਮ ਦੇ ਨਾਲ ਵੀ ਨਹੀਂ ਹੁੰਦਾ ਦਾਦੂਵਾਲ ਦੇ ਨਾਲ ਇੱਕ ਹਜ਼ਾਰ ਪੁਲੀਸ ਮੁਲਾਜ਼ਮਾਂ ਦਾ ਜਾਣਾ ਝੂਠ ਦਾ ਪੁਲੰਦਾ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਜਾਅਲੀ ਜਨਰਲ ਹਾਊਸ ਦੀ ਮੀਟਿੰਗ ਸੱਦ ਕੇ ਬੇਵਿਸ਼ਵਾਸੀ ਦਾ ਮਤਾ ਲਿਆਉਣ ਦਾ ਦਾਅਵਾ ਕਰਨ ਵਾਲੇ **15** ਮੈਂਬਰਾਂ ਦੀ ਹਾਜ਼ਰੀ ਤੇ ਹੀ ਲੁੜਕ ਗਏ ਜਿਨ੍ਹਾਂ ਵਿੱਚ ਕੁਝ ਮੈਂਬਰ ਆਪਣੀ ਮੈਂਬਰਸ਼ਿਪ ਵੀ ਗਵਾ ਚੁੱਕੇ ਹਨਜਥੇਦਾਰ ਦਾਦੂਵਾਲ ਜਿਨ ਨੇ ਪੁੱਜੇ ਪੰਦਰਾਂ ਮੈਂਬਰਾਂ ਦੇ ਨਾਮ ਵੀ ਮੀਡੀਆ ਨੂੰ ਪੇਸ਼ ਕੀਤੇ ਅਤੇ ਚੈਲੰਜ ਕੀਤਾ ਕਿ ਇਸ ਤੋਂ ਵੱਧ ਪੁੱਜੇ ਇੱਕ ਵੀ ਮੈਂਬਰ ਦਾ ਨਾਮ ਵਿਰੋਧੀ ਪੇਸ਼ ਕਰਨ ਪੇਪਰਾਂ ਦੇ ਵਿੱਚ ਹਾਜ਼ਰ ਹੋਣ ਵਾਲੇ ਮੈਂਬਰਾਂ ਦਾ ਦਾਅਵਾ ਵੀ ਜਾਅਲੀ ਨਿਕਲਿਆ ਕਿਉਂਕਿ ਸਤਪਾਲ ਸਿੰਘ ਪਿਹੋਵਾ ਅਤੇ ਹਰਚਰਨ ਸਿੰਘ ਰਠੌੜ ਸਮੇਤ ਕਈ ਮੈਂਬਰਾਂ ਨੇ ਵਿਰੋਧ ਕਰ ਦਿੱਤਾ ਹੈ ਕਿ ਸਾਡਾ ਨਾਂ ਬਿਨਾਂ ਹਾਜ਼ਰੀ ਤੋਂ ਅਖ਼ਬਾਰਾਂ ਵਿੱਚ ਛਾਪਿਆ ਗਿਆ ਹੈ ਜੋ ਗਲਤ ਹੈ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਕੁਰੱਪਟ ਲੋਕਾਂ ਤੇ ਹੋਰ ਸ਼ਿਕੰਜਾ ਕੱਸਿਆ ਜਾਏਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਪਿਛਲੇ ਸਮੇਂ ਦੌਰਾਨ ਗੁਰੂ ਕੀ ਗੋਲਕ ਦੀ ਕੀਤੀ ਲੁੱਟ ਗੁਰੂ ਕੇ ਖ਼ਜ਼ਾਨੇ ਵਿੱਚ ਭਰਵਾਈ ਜਾਏਗੀ ਜਿਸ ਲਈ ਕਿਸੇ ਨੂੰ ਮੁਆਫ਼ ਨਹੀਂ ਕੀਤਾ ਜਾ ਸਕਦਾ ਜਥੇਦਾਰ ਦਾਦੂਵਾਲ ਨੇ ਵੱਡੇ ਦਿਲ ਦਾ ਪ੍ਰਗਟਾਵਾ ਕਰਦਿਆਂ ਵਿਰੋਧੀ ਮੈਂਬਰਾਂ ਨੂੰ ਵੀ ਗੁਰੂ ਘਰਾਂ ਦੇ ਪ੍ਰਬੰਧ ਅਤੇ ਧਰਮ ਪ੍ਰਚਾਰ ਕਰਨ ਲਈ ਹਰਿਆਣਾ ਕਮੇਟੀ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ ਕੇ ਇਮਾਨਦਾਰੀ ਨਾਲ ਗੁਰੂ ਨੂੰ ਸਮਰਪਿਤ ਹੋਕੇ ਚੱਲੋ ਤਾਂ ਜੋ ਵਧੀਆ ਮਿਸਾਲ ਪੇਸ਼ ਕੀਤੀ ਜਾ ਸਕੇ ਅੱਜ ਮੁੱਖ ਦਫ਼ਤਰ ਵਿੱਚ ਪ੍ਰੈੱਸ ਕਾਨਫ਼ਰੰਸ ਦੌਰਾਨ ਉਨ੍ਹਾਂ ਦੇ ਨਾਲ ਅੰਤ੍ਰਿੰਗ ਮੈਂਬਰ ਸਤਪਾਲ ਸਿੰਘ ਪੇਹਵਾ ਭਾਈ ਮੱਖਣ ਸਿੰਘ ਭਾਈ ਗੁਰਸੇਵਕ ਸਿੰਘ ਰੰਗੀਲਾ ਭਾਈ ਰਣਧੀਰ ਸਿੰਘ ਭਾਈ ਸੁਖਪਾਲ ਸਿੰਘ ਭਾਈ ਜਗਰੂਪ ਸਿੰਘ ਵੀ ਹਾਜ਼ਰ ਸਨ




ਤੁਹਾਡੀ ਅਵਾਜ਼ ਐਤਵਾਰ 4 ਅਪ੍ਰੈਲ 2001 22 ਚੇਤ

# ਨਿਊਜ਼ ਪੰਜਾਬ ਦੀ

ਸੰਪਾਦਕ : ਸ.ਜਗਰਾਜ ਸਿੰਘ ਗਿੱਲ, ਉੱਪ ਸੰ : ਸ.ਮਨਪ੍ਰੀਤ ਸਿੰਘ **News Punjab Di**

ਨਿਊਜ਼ ਪੰਜਾਬ ਦੀ MEDIA WEB TV NEWS PUNJAB DI & DAILY ONLINE PUNJABI NEWSPAPER MOGA




ਰਜਿ :PB-14-0002601 | WWW.NEWSPUNJABDI.COM | FACEBOOK.COM/NEWSPUNJABDI | EMAIL: NEWSPUNJABDI24@GMAIL.COM | PH,97000-65709

## ਨਿਹਾਲ ਸਿੰਘ ਵਾਲਾ ਦੀ ਪੁਲਿਸ ਵੱਲੋਂ 24 ਘੰਟਿਆਂ ਦੇ ਅੰਦਰ-ਅੰਦਰ ਪਿੰਡ ਮਾਣੂੰਕੇ ਵਿਖੇ ਗੱਡੀ ਸਾੜਨ ਤੇ ਲੁੱਟ ਖੋਹ ਕਰਨ ਵਾਲੇ ਦੋਸ਼ੀਆਂ ਦੀ ਕੀਤੀ ਗ੍ਰਿਫ਼ਤਾਰੀ



ਨਿਹਾਲ ਸਿੰਘ ਵਾਲਾ (ਮਿੰਟੂ ਖੁਰਮੀ ਹਿੰਮਤਪੁਰਾ)ਮੋਗਾ ਜਿਲ੍ਹਾ ਦੇ ਪਿੰਡ ਮਾਣੂੰਕੇ ਗਿੱਲ ਵਿਖੇ ਵਿਅਕਤੀਆਂ ਵੱਲੋਂ ਇੱਕ ਸਕਾਰਪੀਓ ਗੱਡੀ ਸਾੜਨ ਅਤੇ ਕੁੱਟਮਾਰ ਕਰਨ ਸੰਬੰਧੀ ਇਤਲਾਹ ਮਿਲਣ ਤੇ ਇੰਸ.ਗੁਰਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਪੁਲਿਸ ਫੋਰਸ ਸਮੇਤ ਮੌਕੇ ਤੇ ਪੁੱਜੇ,ਜਿੱਥੇ ਪੁੱਜ ਕੇ ਪਤਾ ਲੱਗਾ ਕਿ ਹਨੀ ਕੁਮਾਰ ਪੁੱਤਰ ਜਗਦੀਸ਼ ਕੁਮਾਰ ਪੁੱਤਰ ਖੁਸੀ ਰਾਮ ਵਾਸੀ ਝੰਡੇਆਣਾ ਜੋ ਕਿ ਹਾਲ ਹੀ ਚ ਵੈਨਕੂਵਰ ਤੋਂ ਅਾਪਣੇ ਭਰਾ ਦੀ ਮਿਤੀ **4-4-2021**ਨੂੰ ਸਾਦੀ ਹੋਣ ਕਾਰਨ ਛੁੱਟੀਆਂ ਕੱਟਣ ਲਈ ਇੰਡੀਆ ਆਇਆ ਸੀ ਅਤੇ ਮਿਤੀ **31-3-2021**ਨੂੰ ਉਹ ਆਪਣੀ ਪਤਨੀ ਕਰਮਜੀਤ ਕੌਰ ਤੇ ਬੇਟੀ ਅਵੀਰਾ ਨਾਲ ਆਪਣੀ ਸਕਾਰਪੀਓ ਗੱਡੀ ਨੰਬਰ **PB29 AC2787** ਉੱਪਰ ਸਵਾਰ ਹੋਕੇ ਪਿੰਡ ਮਾਣੂੰਕੇ ਵਿਖੇ ਆਪਣੀ ਨਾਨੀ ਕੈਸਾਲ ਵੰਤੀ ਪਤਨੀ ਬਾਬੂ ਰਾਮ ਵਾਸੀ ਪਿੰਡ ਮਾਣੂੰਕੇ ਨੂੰ ਲੈਜਾਣ ਲਈ ਰਾਤ ਨੂੰ ਕਰੀਬ **9** ਵਜੇ ਆਏ ਸੀ। ਉਸ ਸਮੇਂ ਉਨ੍ਹਾਂ ਪਾਸ **80000** ਰੁਪਏ **,4** ਛਾਪਾਂ ਸਾਢੇ **04** ਤੋਲੇ , ਦੋ ਜੋੜੇ ਵਾਲੀਆ ਵਜਨ **2** ਤੋਲੇ ਅਤੇ ਘੜੀਆਂ ਸਨ ਜੋ ਉਸਦੀ ਪਤਨੀ ਨੇ ਗੱਡੀ ਵਿੱਚ ਰੱਖ ਦਿੱਤੀਆਂ ਸਨ ਅਤੇ ਉਹ ਆਪਣੀ ਗੱਡੀ ਮੋੜਨ ਲੱਗਾ ਤਾਂ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਚੰਦ ਸਿੰਘ , ਗੋਬਿੰਦ ਸਿੰਘ ਉਰਫ ਕੁੰਦਨ ਪੁੱਤਰ ਰੇਸਮ ਸਿੰਘ, ਸੰਦੀਪ ਸਿੰਘ ਪੁੱਤਰ ਜਗਰਾਜ ਸਿੰਘ, ਗੁਰਦੀਪ ਸਿੰਘ ਪੁੱਤਰ ਮੱਖਣ ਸਿੰਘ ਅਤੇ ਕ੍ਰਿਸ਼ਨ ਸਿੰਘ ਉਰਫ ਪਾਲੀ ਪੁੱਤਰ ਬਲਵੀਰ ਸਿੰਘ ਵਾਸੀ ਮਾਣੂੰਕੇ ਨੇ ਉਨ੍ਹਾਂ ਦੀ ਗੱਡੀ ਰੋਕ ਲਈ ਅਤੇ ਗੱਡੀ ਦੀ ਤਾਕੀ ਖੋਲ ਕੇ ਉਸਦੀ ਕੁੱਟਮਾਰ ਸੁਰੂ ਕਰ ਦਿੱਤੀ ਅਤੇ ਗੁਰਦੀਪ ਸਿੰਘ ਉਰਫ ਬੋਹੜੇ ਨੇ ਉਸਦੀ ਪਤਨੀ ਕਰਮਜੀਤ ਕੌਰ ਨਾਲ ਛੇੜਛਾੜ ਕਰਨੀ ਸ਼ੁਰੂ ਕਰ ਦਿੱਤੀ ਅਤੇ ਬਾਕੀ ਦੋਸੀਆਂ ਨੇ ਗੱਡੀ ਉੱਪਰ ਰੋੜਿਆਂ ਨਾਲ ਹਮਲਾ ਕਰ ਦਿੱਤਾ ਜਿਸ ਤੇ ਉਸਦੀ ਨਾਨੀ ,ਪਤਨੀ ਤੇ ਲੜਕੀ ਨੇ ਗੱਡੀ ਵਿੱਚੋਂ ਭੱਜਕੇ ਜਾਨ ਬਚਾਈ। ਫਿਰ ਦੋਸੀਆਂ ਨੇ ਉਨ੍ਹਾਂ ਦਾ ਪੈਸਿਆਂ ਤੇ ਸੋਨੇ ਵਾਲਾ ਬੈਗ ਖੋਹ ਲਿਆ ਅਤੇ ਜਾਂਦੇ ਸਮੇਂ ਗੱਡੀ ਨੂੰ ਅੱਗ ਲਗਾ ਦਿੱਤੀ। ਜਿਸਤੇ ਹਨੀ ਕੁਮਾਰ ਪੁੱਤਰ ਜਗਦੀਸ਼ ਕੁਮਾਰ ਪੁੱਤਰ ਖੁਸ਼ੀ ਰਾਮ ਵਾਸੀ ਝੰਡੇਆਣਾ ਜੋ ਕਿ ਵੈਨਕੂਵਰ ਤੋਂ ਆਏ ਹਨ ਦੇ ਬਿਆਨਾਂ ਦੇ ਆਧਾਰ ਤੇ ਉਕਤ ਦੋਸੀਆਂ ਖਿਲਾਫ਼ ਮੁਕੱਦਮਾ ਨੰਬਰ **45** ਮਿਤੀ **31-3-2021**ਅ/ਧ**436, 379-**ਬੀ, **354,506,148,149**ਭ.ਦ.ਥਾਣਾ ਨਿਹਾਲ ਸਿੰਘ ਵਾਲਾ ਵਿੱਚ ਦਰਜ ਕਰ ਲਿਆ ਗਿਆ ਹੈ ਜਿਸਦੀ ਤਫਤੀਸ਼ ਸ. ਥ. ਹਰਬਿੰਦਰ ਸਿੰਘ **115/**ਮੋਗਾ ਥਾਣਾ ਨਿਹਾਲ ਸਿੰਘ ਵਾਲਾ ਵੱਲੋਂ ਅਮਲ ਵਿੱਚ ਲਿਆਂਦੀ ਗਈ। ਥਾਣਾ ਨਿਹਾਲ ਸਿੰਘ ਵਾਲਾ ਦੀ ਪੁਲਿਸ ਵੱਲੋਂ ਬਹੁਤ ਹੀ ਤਨਦੇਹੀ ਅਤੇ ਮਿਹਨਤ ਨਾਲ **24**ਘੰਟਿਆਂ ਦੇ ਅੰਦਰ ਦੋਸ਼ੀ ਗੋਬਿੰਦ ਸਿੰਘ ਉਰਫ ਕੁੰਦਨ ਅਤੇ ਗੁਰਦੀਪ ਸਿੰਘ ਉਰਫ ਬੋਹੜਾ ਵਾਸੀ ਮਾਣੂੰਕੇ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਬਾਕੀ ਦੋਸੀਆਂ ਨੂੰ ਵੀ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਦੋਸ਼ੀ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਚੰਦ ਸਿੰਘ , ਗੋਬਿੰਦ ਸਿੰਘ ਉਰਫ ਕੁੰਦਨ ਪੁੱਤਰ ਰੇਸਮ ਸਿੰਘ, ਸੰਦੀਪ ਸਿੰਘ ਪੁੱਤਰ ਜਗਰਾਜ ਸਿੰਘ, ਗੁਰਦੀਪ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਮਾਣੂੰਕੇ ਖਿਲਾਫ਼ ਪਹਿਲਾਂ ਵੀ ਲੁੱਟ ਖੋਹ ਤੇ ਲੜਾਈ ਝਗੜੇ ਦੇ ਕਈ ਮੁਕੱਦਮੇ ਦਰਜ ਹਨ। ਇਸ ਦੌਰਾਨ ਪ੍ਰੈਸ ਨਾਲ ਗੱਲਬਾਤ ਕਰਦਿਆਂ ਡੀ. ਐੱਸ.ਪੀ ਪਰਸਨ ਸਿੰਘ ਨੇ ਕਿਹਾ ਕਿ ਪੁੱਛਗਿੱਛ ਦੌਰਾਨ ਹੋਰ ਵਾਰਦਾਤਾਂ ਬਾਰੇ ਵੀ ਪਤਾ ਲੱਗ ਸਕਦਾ ਹੈ।